ੴ ਵਾਹਿਗੁਰੂ ਜੀ ਕੀ ਫ਼ਤਹ ॥

# ਸ੍ਰੀ ਅਕਾਲ ਤਖ਼ਤ ਸਾਹਿਬ

**Sri Akal Takhat Sahib, Sri Amritsar (Pb.) India**

ਨੰਬਰ .................. ਮਿਤੀ ..........................


ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ੩ ਜੇਠ ਸੰਮਤ ਨਾਨਕਸ਼ਾਹੀ ੫੩੯ (੧੭.੫.੦੭) ਨੂੰ
ਸਿੱਖ ਕੌਮ ਦੇ ਨਾਂ ਪੰਜ ਸਿੰਘ ਸਾਹਿਬਾਨ ਦੁਆਰਾ ਜਾਰੀ ਕੀਤਾ ਗਿਆ

## ਆਦੇਸ਼

ਕਥਿਤ ਡੇਰਾ ਸੱਚਾ ਸੌਦਾ ਸਰਸਾ ਦੇ ਮੁਖੀ ਰਾਮ ਰਹੀਮ ਗੁਰਮੀਤ ਸਿੰਘ ਵਲੋਂ ਗਿਣੇ ਮਿਥੇ ਸਾਜ਼ਿਸ਼ੀ ਮਨਸੂਬਿਆਂ ਤਹਿਤ ਦਸਮੇਸ਼ ਪਿਤਾ, ਗੁਰੂ ਗੋਬਿੰਦ ਸਿੰਘ ਜੀ ਵਾਂਗ ਲਿਬਾਸ ਪਹਿਨਕੇ ਅੰਮ੍ਰਿਤ ਛਕਾਉਣ ਦਾ ਸਵਾਂਗ ਰਚਦਿਆਂ ਸਿੱਖ ਭਾਵਨਾਵਾਂ ਤੇ ਹਿਰਦਿਆਂ ਨੂੰ ਵਲੂੰਧਰਨ ਦੇ ਮੱਦੇਨਜ਼ਰ ਅੱਜ ਮਿਤੀ ੧੭ ਮਈ ੨੦੦੭ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਇਕੱਤਰ ਗੁਰੂ-ਗ੍ਰੰਥ 'ਤੇ ਗੁਰੂ-ਪੰਥ ਨੂੰ ਸਮਰਪਿਤ ਜਥੇਬੰਦੀਆਂ ਦੇ ਪ੍ਰਤੀਨਿਧਾਂ ਵਲੋਂ ਪ੍ਰਗਟਾਈਆਂ ਗਈਆਂ ਭਾਵਨਾਵਾਂ ਤੇ ਦੀਰਘ ਵਿਚਾਰ ਕਰਨ ਉਪਰੰਤ ਸਮੂਹ ਸਿੱਖ ਸੰਗਤਾਂ ਨੂੰ ਆਦੇਸ਼ ਦਿੱਤਾ ਜਾਂਦਾ ਹੈ ਕਿ ਉਹ ਇਸ ਦੰਭੀ, ਪਾਖੰਡੀ ਅਤੇ ਪੰਥ ਦੋਖੀ ਰਾਮ ਰਹੀਮ ਗੁਰਮੀਤ ਸਿੰਘ ਅਤੇ ਉਸ ਨਾਲ ਸਬੰਧਤ ਕਿਸੇ ਵੀ ਵਿਅਕਤੀ ਨਾਲ ਕਿਸੇ ਕਿਸਮ ਦਾ ਧਾਰਮਿਕ, ਸਮਾਜਿਕ, ਭਾਈਚਾਰਕ ਅਤੇ ਰਾਜਸੀ ਸਬੰਧ ਨਾ ਰੱਖਣ।

ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਪੰਜਾਬ, ਹਰਿਆਣਾ ਅਤੇ ਕੇਂਦਰ ਸਰਕਾਰ ਨੂੰ ਤਾਕੀਦ ਕੀਤੀ ਜਾਂਦੀ ਹੈ, ਕਿ ਉਹ ਰਾਮ ਰਹੀਮ ਗੁਰਮੀਤ ਸਿੰਘ ਵਲੋਂ ਸਿੱਖ ਕੌਮ ਦੇ ਗੌਰਵਮਈ ਸਿਧਾਂਤਾਂ ਅਤੇ ਸ਼ਾਨਾ ਮੱਤੇ ਇਤਿਹਾਸ 'ਤੇ ਪ੍ਰੰਪਰਾਵਾਂ ਨਾਲ ਖਿਲਵਾੜ ਕਰਕੇ ਦੇਸ਼ ਦੀ ਸ਼ਾਂਤੀ, ਧਾਰਮਿਕ ਸਦਭਾਵਨਾ, ਸਮਾਜਿਕ ਅਤੇ ਭਾਈਚਾਰਕ ਸਾਂਝ ਨੂੰ ਤੋੜਨ ਲਈ ਕੀਤੀਆਂ ਜਾ ਰਹੀਆਂ ਕੋਝੀਆਂ, ਘਿਨਾਉਣੀਆਂ ਅਤੇ ਘਿਰਣਤ ਗਤੀਵਿਧੀਆਂ ਤੇ ਫੌਰੀ ਪਾਬੰਦੀ ਲਾਵੇ ।

ਰਾਮ ਰਹੀਮ ਗੁਰਮੀਤ ਸਿੰਘ ਵਲੋਂ ਦਸਮੇਸ਼ ਪਿਤਾ ਜੀ ਵਲੋਂ ਕੀਤੇ ਅੰਮ੍ਰਿਤ ਸੰਚਾਰ ਦੇ ਸਵਾਂਗ ਨਾਲ ਸਿੱਖ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਪੁੱਜੀ ਠੇਸ ਦਾ ਪ੍ਰਗਟਾਵਾ ਕਰਨ ਲਈ ਸਰਕਾਰੀ ਅਧਿਕਾਰੀਆਂ ਨੂੰ ਰੋਸ ਪੱਤਰ ਦੇਣ ਜਾ ਰਹੇ ਨਿਹੱਥੇ ਸਿੰਘਾਂ ਦੀ ਬੇਰਹਮੀ ਨਾਲ ਕੀਤੀ ਕੁੱਟ-ਮਾਰ ਅਤੇ ਧਾਰਮਿਕ ਭਾਵਨਾਵਾਂ ਨੂੰ ਪਹੁੰਚਾਈ ਠੇਸ ਦੇ ਦੋਸ਼ ਤਹਿਤ ਇਸ ਪੰਥ ਦੋਖੀ ਅਤੇ ਉਸ ਦੇ ਆਦਮੀਆਂ 'ਤੇ ਕੇਸ ਦਰਜ ਕੀਤਾ ਜਾਵੇ ਤਾਂ ਜੋ ਪੰਜਾਬ ਦੀ ਸ਼ਾਂਤੀ, ਧਾਰਮਿਕ ਸਦਭਾਵਨਾ ਅਤੇ ਸਮਾਜਿਕ ਭਾਈਚਾਰਾ ਕਾਇਮ ਰਹੇ ।

੧੦ ਦਿਨਾ ਦੇ ਅੰਦਰ-ਅੰਦਰ ਇਸ ਅਖੌਤੀ ਸਾਧ ਦੀਆਂ ਗਤੀਵਿਧੀਆਂ ਅਤੇ ਪੰਥ ਦੋਖੀ ਕਾਰਵਾਈਆਂ ਉੱਤੇ ਪਾਬੰਦੀ ਨਾ ਲਾਈ ਗਈ ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਿੱਖ ਕੌਮ ਦੇ ਨਾਂ ਨਵਾਂ ਦਿਸ਼ਾ ਨਿਰਦੇਸ਼ ਜਾਰੀ ਕੀਤਾ ਜਾਵੇਗਾ ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਆਦੇਸ਼ ਦਿੱਤਾ ਜਾਂਦਾ ਹੈ ਕਿ ਐਸੇ ਦੰਭੀਆਂ, ਪਾਖੰਡੀਆਂ ਅਤੇ ਧਰਮ ਵਿਰੋਧੀ ਲੋਕਾਂ ਦੇ ਖਿਲਾਫ਼ ਸਭ ਦੀਆਂ ਸਰਕਾਰਾਂ ਤੋਂ ਸਖ਼ਤ ਤੋਂ ਸਖ਼ਤ ਕਾਨੂੰਨ ਬਣਾਉਣ ਲਈ ਤੁਰੰਤ ਚਾਰਾਜੋਈ ਕਰੇ ।

ਸਮੂਹ ਖਾਲਸਾ ਪੰਥ ਨੂੰ ਆਦੇਸ਼ ਹੈ ਕਿ ਰਾਜਸੀ, ਸਮਾਜਿਕ ਰਿਸ਼ਤੇਦਾਰੀਆਂ-ਵੱਖਰੇਵੇਂ ਮਿਟਾ ਕੇ ਦੰਭੀਆਂ, ਧਰਮ ਦੋਖੀਆਂ ਤੇ ਸਮਾਜ ਦੇ ਦੁਸ਼ਮਣਾਂ ਨੂੰ ਜੜ੍ਹ ਤੋਂ ਉਖੇੜਨ ਲਈ ਇਕ ਜੁੱਟ ਹੋ ਕੇ ਵਿਰੋਧ ਕੀਤਾ ਜਾਵੇ ।

ਸ੍ਰੀ ਅਕਾਲ ਜੀ ਸਹਾਇ
ਸ੍ਰੀ ਅਕਾਲ ਤਖ਼ਤ ਸਾਹਿਬ

(ਇਕਬਾਲ ਸਿੰਘ)
ਜਥੇਦਾਰ
ਤਖ਼ਤ ਸ੍ਰੀ ਹਰਿਮੰਦਰ ਜੀ,
ਪਟਨਾ ਸਾਹਿਬ (ਬਿਹਾਰ)

(ਜੋਗਿੰਦਰ ਸਿੰਘ)
ਜਥੇਦਾਰ
ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ

ਬਲਵੰਤ ਸਿੰਘ ਨੰਦਗੜ੍ਹ

(ਤਰਲੋਚਨ ਸਿੰਘ)
ਜਥੇਦਾਰ
ਤਖ਼ਤ ਸ੍ਰੀ ਕੇਸਗੜ੍ਹ ਸਾਹਿਬ
ਸ੍ਰੀ ਅਨੰਦਪੁਰ ਸਾਹਿਬ (ਰੋਪੜ)

(ਬਲਵੰਤ ਸਿੰਘ)
ਜਥੇਦਾਰ
ਤਖ਼ਤ ਸ੍ਰੀ ਦਮਦਮਾ ਸਾਹਿਬ
ਸਾਬੋ ਕੀ ਤਲਵੰਡੀ (ਬਠਿੰਡਾ)

(ਜਗਤਾਰ ਸਿੰਘ)
ਗ੍ਰੰਥੀ
ਸ੍ਰੀ ਹਰਿਮੰਦਰ ਸਾਹਿਬ
ਸ੍ਰੀ ਅੰਮ੍ਰਿਤਸਰ